# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 08-03-2025**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਾਰਜਬਲ ਵਿੱਚ ਮਹਿਲਾਵਾਂ ਦੀ ਵਧੇਰੇ ਭਾਗੀਦਾਰੀ 'ਤੇ ਦਿੱਤਾ ਜ਼ੋਰ ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਉਨ੍ਹਾਂ ਦੀ ਸਰਕਾਰ ਔਰਤਾਂ ਦੇ ਸਸ਼ਕਤੀਕਰਨ ਲਈ ਵਚਨਬੱਧ ਏ।
- ਕੌਮਾਂਤਰੀ ਮਹਿਲਾ ਦਿਵਸ ਮੌਕੇ ਪੰਜਾਬ ਭਰ ਵਿਚ ਸਮਾਗਮਾਂ ਦਾ ਆਯੋਜਨ- ਮੁੱਖ ਮੰਤਰੀ ਨੇ ਅੰਮ੍ਰਿਤਸਰ ਵਿਚ ਕੀਤਾ ਸੰਬੋਧਨ I
- ਪੰਜਾਬ ਦੇ ਨਸ਼ਾ ਵਿਰੋਧੀ ਕਾਰਜ ਬਲ ਨੇ ਹੁਸ਼ਿਆਰਪੁਰ ਸੈਂਟਰਲ ਜੇਲ੍ਹ ਦੇ ਸੁਪਰਡੈਂਟ ਅਤੇ ਚਾਰ ਹੋਰ ਜੇਲ੍ਹ ਅਧਿਕਾਰੀਆਂ ਨੂੰ 2 ਕੈਦੀਆਂ ਸਮੇਤ ਜੇਲ੍ਹ ਅੰਦਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਮਦਦ ਕਰਨ ਦੇ ਦੋਸ਼ ਵਿੱਚ ਕੀਤਾ ਗ੍ਰਿਫ਼ਤਾਰ ।
- ਆਈ. ਸੀ. ਸੀ. ਚੈਂਪੀਅਨਜ਼ ਟਰਾਫੀ ਵਿਚ ਭਾਰਤ ਅਤੇ ਨਿਊਜ਼ੀਲੈਂਡ ਦਰਮਿਆਨ ਫਾਈਨਲ ਮੈਚ ਭਲਕੇ ਦੁਬਈ ਖੇਡਿਆ ਜਾਵੇਗਾ।

---

ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਕਾਰਜਬਲ ਵਿੱਚ ਮਹਿਲਾਵਾਂ ਦੀ ਵਧੇਰੇ ਭਾਗੀਦਾਰੀ 'ਤੇ ਜ਼ੋਰ ਦਿੱਤਾ ਏ । ਉਨ੍ਹਾਂ ਕਿਹਾ ਕਿ ਇਹ ਜ਼ਰੂਰੀ ਏ ਕਿਉਂਕਿ ਭਾਰਤ ਵਿਸ਼ਵ ਦੀ ਤੀਜੀ ਅਰਥ-ਵਿਵਸਥਾ ਬਣਨ ਵੱਲ ਵਧ ਰਿਹਾ ਏ ।ਅੱਜ ਨਵੀਂ ਦਿੱਲੀ ਵਿੱਚ ਅੰਤਰ-ਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਨਾਰੀ ਸ਼ਕਤੀ ਵਿਕਾਸ ਭਾਰਤ' ਤੇ ਇੱਕ ਦਿਨ ਦੇ ਸੰਮੇਲਨ ਦਾ ਉਦਘਾਟਨ ਕਰਦੇ ਹੋਏ ਉਨ੍ਹਾਂ ਨੇ ਕਿਹਾ ਕਿ ਦੇਸ਼ ਦੀਆਂ ਧਿਆਨ ਵਿਕਸਿਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਨੇ । ਉਨ੍ਹਾਂ ਨੇ ਮਹਿਲਾਵਾਂ ਦੀ ਪ੍ਰਗਤੀ ਲਈ ਸਹਿਯੋਗੀ ਮੌਕੇ ਪੈਦਾ ਕਰਨ ਵਿੱਚ ਸਮਾਜ ਦੀ ਭੂਮਿਕਾ ਉੱਤੇ ਜ਼ੋਰ ਦਿੱਤਾ। BYTE: ਰਾਸ਼ਟਰਪਤੀ ਨੇ ਕਿਹਾ ਕਿ ਕੇਂਦਰ ਸਰਕਾਰ ਇਹ ਯਕੀਨੀ ਬਣਾਉਣ ਲਈ ਨਿਰੰਤਰ ਯਤਨਸ਼ੀਲ ਏ  ਕਿ ਦੇਸ਼ ਦੀਆਂ ਮਹਿਲਾਵਾਂ ਰਾਜਨੀਤਿਕ, ਆਰਥਿਕ ਅਤੇ ਸਮਾਜਿਕ ਤੌਰ 'ਤੇ ਸਸ਼ਕਤ ਹੋਣ ਅਤੇ ਇੱਕ ਵਿਕਸਿਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਦੇ ਯੋਗ ਹੋਣ । ਰਾਸ਼ਟਰਪਤੀ ਨੇ ਕਿਹਾ ਕਿ ਅੰਤਰ-ਰਾਸ਼ਟਰੀ ਮਹਿਲਾ ਦਿਵਸ ਔਰਤਾਂ ਦੇ ਬੇਮਿਸਾਲ ਯੋਗਦਾਨ ਦਾ ਸਨਮਾਨ ਕਰਨ ਅਤੇ ਲਿੰਗ ਸਮਾਨਤਾ ਨੂੰ ਹੋਰ ਮਜ਼ਬੂਤ ਕਰਨ ਦਾ ਇੱਕ ਮੌਕਾ ਏ । ਕੇਂਦਰੀ ਮੰਤਰੀ ਅਰਜੁਨ ਰਾਮ ਮੇਘਵਾਲ ਅਤੇ ਅੰਨਪੂਰਨਾ ਦੇਵੀ ਨੇ ਵੀ ਸਮਾਗਮ  ਨੂੰ ਸੰਬੋਧਨ ਕੀਤਾ।

-----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਉਨ੍ਹਾਂ ਦੀ ਸਰਕਾਰ ਔਰਤਾਂ ਦੇ ਸਸ਼ਕਤੀਕਰਨ ਲਈ ਵਚਨਬੱਧ ਏ। ਉਨ੍ਹਾਂ ਨੇ ਮਹਿਲਾਵਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਚੁੱਕੇ ਗਏ ਮਹੱਤਵਪੂਰਨ ਕਦਮਾਂ 'ਤੇ ਚਾਨਣਾ ਪਾਇਆ। ਅੱਜ ਅੰਤਰ-ਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਗੁਜਰਾਤ ਦੇ ਨਵਸਾਰੀ ਵਿੱਚ' ਲਖਪਤੀ ਦੀਦੀ ਸੰਮੇਲਨ 'ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ, ਮਹਿਲਾਵਾਂ ਦੀ ਅਗਵਾਈ ਵਾਲੇ ਵਿਕਾਸ ਵੱਲ ਵਧ ਰਿਹਾ ਏ। BYTE: ਸ਼੍ਰੀ ਮੋਦੀ ਨੇ ਕਿਹਾ ਕਿ ਸਰਕਾਰ ਨੇ ਦੇਸ਼ ਭਰ ਵਿੱਚ ਹਜ਼ਾਰਾਂ ਪਖਾਨੇ ਬਣਾਏ ਨੇ। ਇਸ ਨੇ ਔਰਤਾਂ ਲਈ ਬੁਨਿਆਦੀ ਸਵੱਛਤਾ ਅਤੇ ਨਿੱਜਤਾ ਨੂੰ ਯਕੀਨੀ ਬਣਾਇਆ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਮਹਿਲਾ ਸਸ਼ਕਤੀਕਰਨ ਦਾ ਝੰਡਾ ਸਮਾਜ ਦੇ ਸਾਰੇ ਖੇਤਰਾਂ ਵਿੱਚ ਲਹਿਰਾ ਰਿਹਾ ਏ ਅਤੇ ਭਾਰਤੀ ਮਹਿਲਾਵਾਂ ਦੀ ਸ਼ਕਤੀ ਨੂੰ ਹੁਣ ਵਿਸ਼ਵ ਪੱਧਰ 'ਤੇ ਮਾਨਤਾ ਦਿੱਤੀ ਜਾ ਰਹੀ ਏ। ਉਨ੍ਹਾਂ ਨੇ ਦੇਸ਼ ਦੇ ਵਿਕਾਸ ਵਿੱਚ ਸਵੈ-ਸਹਾਇਤਾ ਸਮੂਹਾਂ ਦੀ ਭੂਮਿਕਾ ਦੀ ਸ਼ਲਾਘਾ ਕੀਤੀ। ਸ਼੍ਰੀ ਮੋਦੀ ਨੇ ਐਲਾਨ ਕੀਤਾ ਕਿ ਸਰਕਾਰ ਮਹਿਲਾਵਾਂ ਦੇ ਸਸ਼ਕਤੀਕਰਨ ਦੇ ਯਤਨਾਂ ਦੇ ਹਿੱਸੇ ਵਜੋਂ ਅਗਲੇ ਪੰਜ ਸਾਲਾਂ ਵਿੱਚ ਤਿੰਨ ਕਰੋੜ ਲਖਪਤੀ ਦੀਦੀ ਬਣਾਉਣ ਦਾ ਟੀਚਾ ਰੱਖ ਰਹੀ ਏ। ਪ੍ਰਧਾਨ ਮੰਤਰੀ ਨੇ ਪਿਛਲੇ ਦਹਾਕੇ ਵਿੱਚ ਮਹਿਲਾ ਸੁਰੱਖਿਆ

ਨੂੰ ਵਧਾਉਣ ਵਿੱਚ ਸਰਕਾਰ ਦੀਆਂ ਪ੍ਰਾਪਤੀਆਂ 'ਤੇ ਵੀ ਚਾਨਣਾ ਪਾਇਆ। ਉਨ੍ਹਾਂ ਔਰਤਾਂ ਦੇ ਅਧਿਕਾਰਾਂ ਦੀ ਰਾਖੀ ਲਈ ਬਣਾਏ ਗਏ ਨਵੇਂ ਅਪਰਾਧਿਕ ਕਾਨੂੰਨਾਂ ਨੂੰ ਲਾਗੂ ਕਰਨ ਦਾ ਜ਼ਿਕਰ ਕੀਤਾ। ਲਖਪਤੀ ਦੀਦੀ ਸੰਮੇਲਨ ਦੌਰਾਨ ਪ੍ਰਧਾਨ ਮੰਤਰੀ ਨੇ 25 ਹਜ਼ਾਰ ਤੋਂ ਵੱਧ ਸਵੈ-ਸਹਾਇਤਾ ਸਮੂਹਾਂ ਦੀਆਂ ਮਹਿਲਾਵਾਂ ਨੂੰ 450 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਤਕਸੀਮ ਕੀਤੀ।

--------------------------------------------------------------------

CM

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਅੰਤਰ-ਰਾਸ਼ਟਰੀ ਮਹਿਲਾ ਦਿਵਸ 'ਤੇ ਮਹਿਲਾਵਾਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਗੁਰਬਾਣੀ ਚੋਂ 'ਸੋ ਕਿਉ ਮੰਦਾ ਆਖੀਏ, ਜਿਤ ਜਮੇ ਰਾਜਾਨ' ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਮਹਾਨ ਸਿੱਖ ਗੁਰੂਆਂ ਨੇ, ਔਰਤਾਂ ਨੂੰ ਉੱਚ ਸਤਿਕਾਰ ਦਿੱਤਾ ਏ। ਸਮਾਜ ਵਿੱਚ ਅਜੇ ਵੀ ਪ੍ਰਚਲਿਤ ਮਾਦਾ ਭਰੂਣ ਹੱਤਿਆ ਦੀ ਸਮਾਜਿਕ ਬੁਰਾਈ 'ਤੇ ਚਿੰਤਾ ਪ੍ਰਗਟ ਕਰਦੇ ਹੋਏ ਓਹਨਾ ਕਿਹਾ ਕਿ ਇਸ ਨੂੰ ਬਦਲਣ ਦੀ ਲੋੜ ਏ। ਉਨ੍ਹਾਂ ਕਿਹਾ ਕਿ ਕੁੜੀਆਂ ਜੀਵਨ ਦੇ ਹਰ ਖੇਤਰ ਵਿੱਚ ਉੱਤਮ ਪ੍ਰਦਰਸ਼ਨ ਕਰ ਰਹੀਆਂ ਹਨ ਅਤੇ ਆਪਣੀ ਮਿਹਨਤ ਅਤੇ ਸਫਲਤਾ ਨਾਲ ਰੋਲ ਮਾਡਲ ਵਜੋਂ ਉੱਭਰੀਆਂ ਹਨ। ਅੱਜ ਮਹਿਲਾ ਖਾਲਸਾ ਕਾਲਜ ਅੰਮ੍ਰਿਤਸਰ ਵਿੱਖੇ ਅੰਤਰਰਾਸ਼ਟਰੀ

ਮਹਿਲਾ ਦਿਵਸ ਬਾਰੇ ਸੂਬਾ ਪੱਧਰੀ ਸਮਾਗਮ ਨੂੰ ਸੰਬੋਧਿਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਕੁੜੀਆਂ ਨੇ ਉਨ੍ਹਾਂ ਖੇਤਰਾਂ ਵਿੱਚ ਵੀ ਸਫਲਤਾ ਪ੍ਰਾਪਤ ਕਰਕੇ ਆਪਣੇ ਮਾਪਿਆਂ, ਸਮਾਜ ਅਤੇ ਸੂਬੇ ਦਾ ਮਾਣ ਵਧਾਇਆ ਏ  ਜਿਨ੍ਹਾਂ ਨੂੰ ਮਰਦਾਂ ਦੀ ਜਾਗੀਰ ਮੰਨਿਆ ਜਾਂਦਾ ਸੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਸੂਬੇ ਵਿੱਚ ਔਰਤਾਂ ਦੇ ਸਸ਼ਕਤੀਕਰਨ ਲਈ ਠੋਸ ਯਤਨ ਕੀਤੇ ਹਨ।

---------------------------------------------------------------

ਆਕਾਸ਼ਵਾਣੀ ਖਬਰਾਂ ਜਲੰਧਰ ਨਾਲ ਗੱਲਬਾਤ ਕਰਦਿਆਂ, ਆਪਣੇ ਖੇਤਰਾਂ ਵਿਚ ਨਾਮਣਾ ਖੱਟਣ ਵਾਲ਼ੀਆਂ ਕੁਝ ਮਹਿਲਾਵਾਂ ਦਾ ਮਨਣਾ ਕਿ ਸਾਨੂੰ ਔਰਤਾਂ ਪ੍ਰਤੀ ਆਪਣੀ ਮਾਨਸਿਕਤਾ ਬਦਲਣ ਦੀ ਲੋੜ ਏ ਅਤੇ ਓਨਾ ਨੂੰ ਸਿਖਿਅਤ ਵੀ ਕਰਨਾ ਚਾਹੀਦਾ ਏ , ਤਾਜੋਂ ਉਹ ਆਪਣੇ ਪਰਿਵਾਰ ਦੇ ਮੈਂਬਰਾਂ ਸਮੇਤ ਦੂਜਿਆਂ ਤੇ ਨਿਰਭਰ ਨਾ ਰਹਿਣ । ਹੋਰ ਵੇਰਵੇ ਨਾਲ ਇਕ ਰਿਪੋਰਟ :

---------------------------------------------------------------

ਓਧਰ ਫਾਜ਼ਿਲਕਾ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ  ਨਵਦੀਪ ਕੌਰ ਦੀ ਅਗਵਾਈ ਹੇਠ, ਨਹਿਰੂ ਪਾਰਕ ਅਬੋਹਰ ਵਿਖੇ ਕੌਮਾਂਤਰੀ ਮਹਿਲਾ ਦਿਵਸ ਮਨਾਇਆ ਗਿਆ ।ਬਾਰ ਐਸੋਸੀਏਸ਼ਨ ਅਬੋਹਰ ਦੇ ਸੀਨੀਅਰ ਵਕੀਲ ਦੇਸਰਾਜ ਕੰਬੋਜ ਨੇ ਕਿਹਾ ਕਿ ਮਹਿਲਾ ਦਿਵਸ ਮਰਦਾਂ ਅਤੇ

ਔਰਤਾਂ ਵਿਚਕਾਰ ਭੇਦਭਾਵ ਨੂੰ ਖਤਮ ਕਰਕੇ ਸਮਾਜ ਵਿੱਚ ਸਮਾਨਤਾ ਲਿਆਉਣ ਲਈ ਮਨਾਇਆ ਜਾਂਦਾ ਏ । ਰੂਪਨਗਰ ਦੇ ਅਯੁਸ਼ਮਾਨ ਆਰੋਗਿਆ ਕੇਂਦਰ ਬਹਿਰਾਮਪੁਰ ਜ਼ਿਮੀਦਾਰਾ ਵਿੱਚ ਮਹਿਲਾਵਾਂ ਅਤੇ ਸਿਹਤ ਸੇਵਾਵਾਂ ਨਾਲ ਜੁੜੇ ਕਰਮਚਾਰੀਆਂ ਨਾਲ ਡਾ. ਸੁਖਮਨੀਤ ਕੌਰ ਨੇ ਮਹਿਲਾਵਾਂ ਦੀ ਸਿਹਤ ਸੰਭਾਲ ਅਤੇ ਸਵਾਸਥ ਸੇਵਾਵਾਂ ਦੀ ਮਹੱਤਤਾ 'ਤੇ ਚਰਚਾ ਕੀਤੀ। ਉਨ੍ਹਾਂ ਨੇ ਮਹਿਲਾਵਾਂ ਨੂੰ ਆਪਣੇ ਸਿਹਤ ਪ੍ਰਤੀ ਜਾਗਰੂਕ ਰਹਿਣ ਅਤੇ ਨਿਯਮਿਤ ਜਾਂਚਾਂ ਕਰਵਾਉਣ ਲਈ ਪ੍ਰੇਰਿਤ ਕੀਤਾ।

-------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ, ਫਤਹਿਗੜ੍ਹ ਸਾਹਿਬ ਸਥਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਲੋਂ ਕਾਰਵਾਈ ਕਨਵੋਕੇਸ਼ਨ ਗ੍ਰੈਜੂਏਟ ਵਿਦਿਆਰਥੀਆਂ ਨੂੰ ਡਿਗਰੀਆਂ ਕੀਤੀਆਂ ।ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. ਪ੍ਰਿਤਪਾਲ ਸਿੰਘ ਨੇ ਕਨਵੋਕੇਸ਼ਨ ਦੀ ਪ੍ਰਧਾਨਗੀ ਕੀਤੀ। ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵਿਦਿਆਰਥੀਆਂ ਨੂੰ ਅਕਾਦਮਿਕ ਖੇਤਰ ਵਿੱਚ ਆਪਣੇ ਆਪ ਨੂੰ ਸਮਰਪਿਤ ਕਰਨ ਅਤੇ ਇੱਕ ਉੱਜਵਲ ਭਵਿੱਖ ਲਈ ਕੰਮ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਛੋਟੇ ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਦੀ ਕੁਰਬਾਨੀ ਤੋਂ ਪ੍ਰੇਰਨਾ ਲੈਣ

ਲਈ ਕਿਹਾ। ਯੂਨੀਵਰਸਿਟੀ ਨੇ ਤਿੰਨ ਵਿਦਿਆਰਥੀਆਂ ਨੂੰ ਗਵਰਨਰ ਮੈਡਲ ਪ੍ਰਦਾਨ ਕੀਤੇ ਗਏ ਅਤੇ 33 ਖੋਜ ਵਿਦਵਾਨਾਂ ਨੇ ਪੀ.ਐਚ.ਡੀ ਦੀ ਡਿਗਰੀ ਪ੍ਰਾਪਤ ਕੀਤੀ । 700 ਤੋਂ ਵੱਧ ਵਿਦਿਆਰਥੀਆਂ ਨੇ ਪੋਸਟ ਗ੍ਰੈਜੂਏਟ ਅਤੇ ਗ੍ਰੈਜੂਏਟ ਡਿਗਰੀਆਂ ਪ੍ਰਾਪਤ ਕੀਤੀਆਂ।

-----------------------------------------------------------------

ਜਲੰਧਰ ਤੋਂ ਲੋਕ ਸਭਾ ਮੈਬਰ ਚਰਨਜੀਤ ਸਿੰਘ ਚੰਨੀ ਨੇ ਜ਼ਿਲ੍ਹਾ ਵਿਕਾਸ ਤਾਲਮੇਲ ਤੇ ਨਿਗਰਾਨ ਕਮੇਟੀ ਦੀ ਮੀਟਿੰਗ ਕੀਤੀ। ਲੋਕ ਸਭਾ ਮੈਂਬਰ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਹੋਰ ਗੰਭੀਰਤਾ ਨਾਲ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਅਤੇ ਪ੍ਰੋਗਰਾਮਾਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਇਆ ਜਾਵੇ । ਉਨ੍ਹਾਂ ਕਿਹਾ ਕਿ ਸਰਕਾਰੀ ਯੋਜਨਾਵਾਂ ਦੀ ਲੋੜਵੰਦ ਅਤੇ ਯੋਗ ਲੋਕਾਂ ਤੱਕ ਪਹੁੰਚ ਯਕੀਨੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ। ਸ਼੍ਰੀ ਚੰਨੀ ਨੇ ਅਧਿਕਾਰੀਆਂ ਨੂੰ ਮੁਕੰਮਲ ਹੋ ਚੁੱਕੇ ਕਾਰਜਾਂ ਦੇ ਵਰਤੋਂ ਸਰਟੀਫਿਕੇਟ 15 ਦਿਨਾਂ ਦੇ ਅੰਦਰ ਜਮ੍ਹਾ ਕਰਵਾਉਣ ਲਈ ਵੀ ਕਿਹਾ, ਤਾਂ ਜੋ ਐਮ. ਪੀ. ਲੈਡ ਯੋਜਨਾ ਤਹਿਤ ਹੋਰ ਫੰਡ ਜਾਰੀ ਕੀਤੇ ਜਾ ਸਕਣ । ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੌਰਾਨ ਗੁਣਵੱਤਾ ਉੱਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਲੋਕ ਸਭਾ ਮੈਂਬਰ ਨੇ ਮਗਨਰੇਗਾ ਸਕੀਮ ਤਹਿਤ 100 ਦਿਨਾਂ ਦਾ ਰੋਜ਼ਗਾਰ ਮੁਹੱਈਆ ਕਰਵਾਉਣ ’ਤੇ ਜ਼ੋਰ ਦਿੱਤਾ, ਤਾਂ ਜੋ ਇਸ ਯੋਜਨਾ ਦਾ ਮਕਸਦ ਪੂਰਾ ਹੋ

ਸਕੇ। ਉਨ੍ਹਾਂ ਪੀ.ਐਮ. ਗ੍ਰਾਮ ਸੜਕ ਯੋਜਨਾ, ਪੀ.ਐਮ. ਆਵਾਸ ਯੋਜਨਾ, ਆਦਰਸ਼ ਗ੍ਰਾਮ ਯੋਜਨਾ ਦਾ ਵੀ ਜਾਇਜ਼ਾ ਲਿਆ। ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਅਕਾਲੀ ਲੀਡਰਸ਼ਿਪ ਵੱਲੋਂ ਜੱਥੇਦਾਰ ਸਾਹਿਬਾਨ ਨੂੰ ਅਣਉਚਿਤ ਢੰਗ ਨਾਲ ਹਟਾਉਣ ਦੀ ਸਖ਼ਤ ਨਿੰਦਾ ਕੀਤੀ ਏ । ਇੱਕ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਜੱਥੇਦਾਰ ਸਾਹਿਬ ਨੂੰ ਅਣਉਚਿਤ ਢੰਗ ਨਾਲ ਹਟਾਉਣਾ ਮੰਦਭਾਗਾ ਏ ਕਿਉਂਕਿ ਸਿਆਸਤ ਹੁਣ ਧਾਰਮਿਕ ਆਗੂਆਂ ਦੀ ਚੋਣ ਕਰ ਰਹੀ ਏ । ਉਨ੍ਹਾਂ ਕਿਹਾ ਕਿ ਅਕਾਲੀ ਲੀਡਰਸ਼ਿਪ ਵੱਲੋਂ ਮੁਆਫ਼ੀਯੋਗ ਗੰਭੀਰ ਅਪਰਾਧਾਂ ਲਈ ਜ਼ਿੰਮੇਵਾਰ ਠਹਿਰਾਏ ਜਾਣ ਤੋਂ ਬਾਅਦ ਜੱਥੇਦਾਰ ਸਾਹਿਬਾਨਾਂ ਨੂੰ ਲਗਾਤਾਰ ਨਿਸ਼ਾਨਾ ਬਣਾਇਆ ਜਾ ਰਿਹਾ ਏ । ਮੁੱਖ ਮੰਤਰੀ ਨੇ ਕਿਹਾ ਕਿ ਬਦਲਾ ਲੈਣ ਲਈ ਅਕਾਲੀ ਲੀਡਰਸ਼ਿਪ ਜੱਥੇਦਾਰਾਂ ਨੂੰ ਹਟਾ ਰਹੀ ਏ, ਜੋ ਬੇਇਨਸਾਫੀ ਅਤੇ ਅਣਉਚਿਤ ਏ । ਭਗਵੰਤ ਸਿੰਘ ਮਾਨ ਨੇ ਭਾਰਤ ਸਰਕਾਰ ਨੂੰਤੁਰੰਤ ਚੋਣਾਂ ਕਰਵਾਉਣ ਦੀ ਅਪੀਲ ਕੀਤੀ ਤਾਂ ਜੋ ਸੂਬੇ ਦੇ ਗੁਰਦੁਆਰਿਆਂ ਨੂੰ ਮੌਜੂਦਾ ਮਹੰਤਾਂ ਤੋਂ ਮੁਕਤ ਕੀਤਾ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਜੱਥੇਦਾਰ ਸਾਹਿਬ ਸਮੁੱਚੇ ਸਿੱਖ ਭਾਈਚਾਰੇ ਵਿੱਚ ਇੱਕ ਬਹੁਤ ਹੀ

ਸਤਿਕਾਰਯੋਗ ਸ਼ਖਸੀਅਤ ਸਨ ਅਤੇ ਉਨ੍ਹਾਂ ਨਾਲ ਅਜਿਹਾ ਸਲੂਕ ਅਣਉਚਿਤ ਸੀ। ਉਨ੍ਹਾਂ ਕਿਹਾ ਕਿ ਦੁੱਖ ਦੀ ਗੱਲ ਏ ਕਿ ਜੱਥੇਦਾਰਾਂ ਨੂੰ ਹਟਾਉਣ ਵਾਲੀ ਅੰਤਰਿਮ ਕਮੇਟੀ ਦਾ ਕਾਰਜਕਾਲ ਲਗਭਗ ਇਕ ਦਹਾਕੇ ਪਹਿਲਾਂ ਖ਼ਤਮ ਹੋ ਗਿਆ ਸੀ ਕਿਉਂਕਿ ਲੰਬੇ ਸਮੇਂ ਤੋਂ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਨਹੀਂ ਹੋਈਆਂ।

----------------------------------------------------

ਪੰਜਾਬ ਦੀ ਨਸ਼ਾ ਵਿਰੋਧੀ ਕਾਰਜ ਬਲ ਨੇ ਹੁਸ਼ਿਆਰਪੁਰ ਸੈਂਟਰਲ ਜੇਲ੍ਹ ਦੇ ਸੁਪਰਡੈਂਟ ਅਤੇ ਚਾਰ ਹੋਰ ਜੇਲ੍ਹ ਅਧਿਕਾਰੀਆਂ ਨੂੰ 2 ਕੈਦੀਆਂ ਸਮੇਤ ਜੇਲ੍ਹ ਦੇ ਅੰਦਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਮਦਦ ਕਰਨ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਏ।ਕਾਰਜ ਬਲ ਦੇ ਸੂਤਰਾਂ ਨੇ ਪੁਸ਼ਟੀ ਕੀਤੀ ਏ ਕਿ ਜੇਲ੍ਹ ਦੇ ਅੰਦਰ ਇੱਕ ਸੰਗਠਿਤ ਨਸ਼ੀਲੇ ਪਦਾਰਥਾਂ ਦੀ ਤਸਕਰੀ ਬਾਰੇ ਕਾਰਵਾਈ ਦੀ ਜਾਂਚ ਤੋਂ ਬਾਅਦ, ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ।ਕਾਰਜ ਬਲ ਨੇ ਸਬੂਤ ਇਕੱਠੇ ਕਰਨ ਲਈ 10 ਥਾਵਾਂ 'ਤੇ ਤਲਾਸ਼ੀ ਮੁਹਿੰਮ ਚਲਾਈ। ਹੋਰ ਗ੍ਰਿਫ਼ਤਾਰੀਆਂ ਦੀ ਉਮੀਦ ਏ।

----------------------------------------------------

ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦਾ ਸੱਦਾ ਦੇਣ ਦੇ ਮੰਤਵ ਨਾਲ, ਖੁਰਾਕ ਅਤੇ ਦਵਾ ਪ੍ਰਬੰਧਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅੱਜ ਈਟ ਰਾਈਟ ਵਾਕਾਥੋਨ ਕਰਵਾਈ ਗਈ, ਜਿਸ ਨੂੰ ਸਹਾਇਕ ਸਿਵਲ ਸਰਜਨ

ਡਾ. ਜੋਤੀ ਫੁਕੇਲਾ ਨੇ  ਸਰਕਟ ਹਾਊਸ ਤੋਂ ਝੰਡੀ ਦੇ ਕੇ ਰਵਾਨਾ ਕੀਤਾ। ਇਸ ਵਿੱਚ ਵੱਖ-ਵੱਖ ਵਿੱਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਅਤੇ 500 ਤੋਂ ਵੱਧ ਨਾਗਰਿਕਾਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ । ਵਾਕਾਥੋਨ ਵਿੱਚ ਸ਼ਾਮਲ ਵਿਦਿਆਰਥੀਆਂ ਨੇ ਆਪਣੇ ਹੱਥਾਂ ਵਿੱਚ ਬੈਨਰ ਅਤੇ ਤਖ਼ਤੀਆਂ ਫੜ ਕੇ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ, ਸਰੀਰਕ ਕਸਰਤ ਤੇ ਖੇਡਾਂ ਵਿੱਚ ਭਾਗ ਲੈਣ ਆਦਿ ਬਾਰੇ ਜਾਗਰੂਕ ਕੀਤਾ। ਖੁਰਾਕ ਬਾਰੇ  ਸਹਾਇਕ ਕਮਿਸ਼ਨਰ ਡਾ. ਹਰਜੋਤ ਪਾਲ ਸਿੰਘ ਨੇ ਦੱਸਿਆ ਕਿ ਇਸ ਵਾਕਾਥੋਨ ਦਾ ਮੁੱਖ ਉਦੇਸ਼ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਲਈ ਸਿਹਤ ਜੀਵਨ ਸ਼ੈਲੀ ਵਿੱਚ ਕੁਝ ਮਹੱਤਵਪੂਰਣ ਤਬਦੀਲੀਆਂ ਲਿਆਉਣਾ ਏ

------------------------------------------------------

ਆਈ. ਸੀ. ਸੀ. ਚੈਂਪੀਅਨਜ਼ ਟਰਾਫੀ ਦੇ ਭਾਰਤ ਅਤੇ ਨਿਊਜ਼ੀਲੈਂਡ ਦਰਮਿਆਨ ਭਲਕੇ ਹੋਣ ਵਾਲੇ  ਫਾਈਨਲ ਮੈਚ ਨੂੰ ਲੈ ਕੇ ਦੁਬਈ ਵਿੱਚ ਉਤਸ਼ਾਹ ਦਾ ਮਾਹੌਲ ਏ ।ਹਾਲ ਹੀ ਦੇ ਮੈਚਾਂ ਵਿੱਚ ਭਾਰਤ ਦਾ ਦਬਦਬਾ ਰਿਹਾ ਏ ਪਰ ਨਿਊਜ਼ੀਲੈਂਡ ਦੇ ਦਬਾਅ ਵਿੱਚ ਚੰਗਾ ਪ੍ਰਦਰਸ਼ਨ ਕਰਨ ਦੀ ਯੋਗਤਾ ਨੂੰ ਵੀ ਮਹੱਤਵਪੂਰਨ ਮੰਨਿਆ ਜਾ ਰਿਹਾ ਏ ।ਦੋਵੇਂ ਟੀਮਾਂ ਮੁੰਬਈ ਵਿੱਚ 2023 ਆਈ.ਸੀ.ਸੀ  ਕ੍ਰਿਕਟ ਵਿਸ਼ਵ ਕੱਪ ਸੈਮੀ-ਫਾਈਨਲ ਵਿੱਚ

ਵੀ ਆਹਮੋ ਸਾਮਣੇ ਹੋਈਆਂ ਸਨ ਜਿੱਥੇ ਭਾਰਤ ਨੇ 70 ਦੌੜਾਂ ਨਾਲ ਜਿੱਤ ਹਾਸਲ ਕੀਤੀ ਸੀ।

---------------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਾਰਜਬਲ ਵਿੱਚ ਮਹਿਲਾਵਾਂ ਦੀ ਵਧੇਰੇ ਭਾਗੀਦਾਰੀ 'ਤੇ ਦਿੱਤਾ ਜ਼ੋਰ ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਉਨ੍ਹਾਂ ਦੀ ਸਰਕਾਰ ਔਰਤਾਂ ਦੇ ਸਸ਼ਕਤੀਕਰਨ ਲਈ ਵਚਨਬੱਧ ਏ।
- ਕੌਮਾਂਤਰੀ ਮਹਿਲਾ ਦਿਵਸ ਮੌਕੇ ਪੰਜਾਬ ਭਰ ਵਿਚ ਸਮਾਗਮਾਂ ਦਾ ਆਯੋਜਨ- ਮੁੱਖ ਮੰਤਰੀ ਨੇ ਅੰਮ੍ਰਿਤਸਰ ਵਿਚ ਕੀਤਾ ਸੰਬੋਧਨ I
- ਪੰਜਾਬ ਦੇ ਨਸ਼ਾ ਵਿਰੋਧੀ ਕਾਰਜ ਬਲ ਨੇ ਹੁਸ਼ਿਆਰਪੁਰ ਸੈਂਟਰਲ ਜੇਲ੍ਹ ਦੇ ਸੁਪਰਡੈਂਟ ਅਤੇ ਚਾਰ ਹੋਰ ਜੇਲ੍ਹ ਅਧਿਕਾਰੀਆਂ ਨੂੰ 2 ਕੈਦੀਆਂ ਸਮੇਤ ਜੇਲ੍ਹ ਅੰਦਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਮਦਦ ਕਰਨ ਦੇ ਦੋਸ਼ ਵਿੱਚ ਕੀਤਾ ਗ੍ਰਿਫ਼ਤਾਰ ।
- ਆਈ. ਸੀ. ਸੀ. ਚੈਂਪੀਅਨਜ਼ ਟਰਾਫੀ ਵਿਚ ਭਾਰਤ ਅਤੇ ਨਿਊਜ਼ੀਲੈਂਡ ਦਰਮਿਆਨ ਫਾਈਨਲ ਮੈਚ ਭਲਕੇ ਦੁਬਈ ਖੇਡਿਆ ਜਾਵੇਗਾ।

ਇਸਦੇ ਨਾਲ ਹੀ ਰਾਸ਼ਟਰੀ  ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ

ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜ 30 'ਤੇ...